**ਤਰਵਰੁ ਏਕੁ ਅਨੰਤ ਡਾਰ ਸਾਖਾ ਪੁਹਪ ਪਤ੍ਰ ਰਸ ਭਰੀਆ ॥ ਇਹ ਅੰਮ੍ਰਿਤ ਕੀ ਬਾੜੀ ਹੈ ਰੇ ਤਿਨਿ ਹਰਿ ਪੂਰੈ ਕਰੀਆ ॥੧॥ ਜਾਨੀ ਜਾਨੀ ਰੇ ਰਾਜਾ ਰਾਮ ਕੀ ਕਹਾਨੀ ॥ ਅੰਤਰਿ ਜੋਤਿ ਰਾਮ ਪਰਗਾਸਾ ਗੁਰਮੁਖਿ ਬਿਰਲੈ ਜਾਨੀ ॥੧॥ ਰਹਾਉ ॥ ਭਵਰੁ ਏਕੁ ਪੁਹਪ ਰਸ ਬੀਧਾ ਬਾਰਹ ਲੇ ਉਰ ਧਰਿਆ ॥ ਸੋਰਹ ਮਧੇ ਪਵਨੁ ਝਕੋਰਿਆ ਆਕਾਸੇ ਫਰੁ ਫਰਿਆ ॥੨॥ ਸਹਜ ਸੁੰਨਿ ਇਕੁ ਬਿਰਵਾ ਉਪਜਿਆ ਧਰਤੀ ਜਲਹਰੁ ਸੋਖਿਆ ॥ ਕਹਿ ਕਬੀਰ ਹਉ ਤਾ ਕਾ ਸੇਵਕੁ ਜਿਨਿ ਇਹੁ ਬਿਰਵਾ ਦੇਖਿਆ ॥੩॥੬॥** **{ਪੰਨਾ 970}**

ਪਦਅਰਥ:- ਤਰਵਰੁ—ਰੁੱਖ। ਡਾਰ—ਡਾਲੀਆਂ। ਸਾਖਾ—ਸ਼ਾਖਾਂ, ਟਾਹਣੀਆਂ। ਪੁਹਮ—{puÕp} ਫੁੱਲ। ਭਰੀਆ—ਭਰੀਆਂ ਹੋਈਆਂ, ਲੱਦੀਆਂ ਹੋਈਆਂ। ਬਾੜੀ—ਬਗ਼ੀਚੇ। ਰੇ—ਹੇ ਭਾਈ! ਤਿਨਿ ਹਰਿ—ਉਸ ਪ੍ਰਭੂ ਨੇ। ਕਰੀਆ—ਬਣਾਈ।1।

ਰੇ—ਹੇ ਭਾਈ! ਜਾਨੀ—("ਬਿਰਲੈ ਗੁਰਮਖਿ" ਨੇ) ਜਾਣੀ ਹੈ। ਕਹਾਨੀ—ਕਿਸੇ ਬੀਤ ਚੁਕੀ ਜਾਂ ਵਰਤ ਰਹੀ ਘਟਨਾ ਦਾ ਹਾਲ। ਰਾਜਾ ਰਾਮ ਕੀ ਕਹਾਨੀ—ਉਸ ਘਟਨਾ ਦਾ ਹਾਲ ਜੋ ਪ੍ਰਕਾਸ਼-ਰੂਪ ਪ੍ਰਭੂ ਦਾ ਸਿਮਰਨ ਕੀਤਿਆਂ ਕਿਸੇ ਮਨੁੱਖ ਦੇ ਮਨ ਵਿਚ ਵਾਪਰਦੀ ਹੈ; ਪ੍ਰਭੂ-ਮਿਲਾਪ ਦਾ ਹਾਲ। ਗੁਰਮੁਖਿ—ਜੋ ਮਨੁੱਖ ਗੁਰੂ ਦੇ ਸਨਮੁਖ ਹੋ ਜਾਂਦਾ ਹੈ, ਜੋ ਮਨੁੱਖ ਗੁਰੂ ਦੇ ਦੱਸੇ ਰਾਹ ਉੱਤੇ ਪੂਰਨ ਤੌਰ ਤੇ ਤੁਰ ਪੈਂਦਾ ਹੈ।1। ਰਹਾਉ।

ਭਵਰੁ—ਭੌਰਾ। ਪੁਹਪ—ਫੁੱਲ। ਬੀਧਾ—ਵਿੱਝਾ ਹੋਇਆ, ਮਸਤ। ਬਾਰਹ—ਫੁੱਲ ਦੀਆਂ ਬਾਰ੍ਹਾਂ ਖਿੜੀਆ ਹੋਈਆਂ ਪੱਤੀਆਂ, ਖਿੜਿਆ ਹੋਇਆ ਫੁੱਲ, ਪੂਰਨ ਖਿੜਾਉ। ਸੋਰਹ—ਸੋਲਾਂ (ਪੱਤੀਆਂ ਵਾਲਾ ਵਿਸ਼ੁੱਧੀ ਚੱਕਰ, ਜੋ ਗਲੇ ਵਿਚ ਜੋਗੀ ਮੰਨਦੇ ਹਨ)। ਸੋਰਹ ਮਧੇ—ਜਾਪ ਵਿਚ ਲੱਗ ਕੇ। ਸੋਰਹ...ਝਕੋਰਿਆ—ਸੁਆਸ ਸੁਆਸ ਨਾਮ ਜਪਦਾ ਹੈ। ਆਕਾਸੇ—ਆਕਾਸ਼ ਵਿਚ, ਉੱਚੀ ਅਵਸਥਾ ਵਿਚ, ਦਸਮ-ਦੁਆਰ ਵਿਚ। ਫਰੁ ਫਰਿਆ—ਫੜ-ਫੜਾਇਆ, ਉਡਾਰੀ ਲਾਈ।2।

ਸੁੰਨਿ—ਸੁੰਞ ਵਿਚ, ਅਫੁਰ ਅਵਸਥਾ ਵਿਚ। ਬਿਰਵਾ—ਕੋਮਲ ਬੂਟਾ। ਧਰਤੀ—ਸਰੀਰ-ਰੂਪ ਧਰਤੀ ਦਾ। ਜਲਹਰ—ਜਲਧਰ, ਬੱਦਲ (ਤ੍ਰਿਸ਼ਨਾ)। ਸੋਖਿਆ—ਸੁਕਾ ਦਿੱਤਾ, ਚੂਸ ਲਿਆ। ਜਿਨਿ—ਜਿਸ (ਗੁਰਮੁਖਿ) ਨੇ।3।

ਨੋਟ:- 'ਰਹਾਉ' ਦੀ ਤੁਕ ਸਾਰੇ ਸ਼ਬਦ ਦਾ ਬੀਜ-ਰੂਪ ਹੈ। ਇੱਥੇ ਦੱਸਿਆ ਗਿਆ ਹੈ ਕਿ ਜੋ ਮਨੁੱਖ

ਆਪਣੇ ਆਪ ਨੂੰ ਗੁਰੂ ਦੇ ਹਵਾਲੇ ਕਰ ਕੇ ਨਾਮ ਸਿਮਰਦਾ ਹੈ, ਪ੍ਰਭੂ-ਮਿਲਾਪ ਵਾਲੀ ਅਵਸਥਾ ਨਾਲ ਉਸ ਦੀ ਜਾਣ-ਪਛਾਣ ਹੋ ਜਾਂਦੀ ਹੈ। ਸ਼ਬਦ ਦੇ ਤਿੰਨ ਬੰਦਾਂ ਵਿਚ ਉਸ ਮੇਲ-ਅਵਸਥਾ ਦੇ ਲੱਛਣ ਦਿੱਤੇ ਹਨ:- (1) ਇਹ ਜਗਤ ਉਸ ਨੂੰ ਪ੍ਰਭੂ ਦੀ ਬਣਾਈ ਹੋਈ ਇਕ ਬਗ਼ੀਚੀ ਜਾਪਦੀ ਹੈ, ਜਿਸ ਵਿਚ ਇਹ ਜੀਅ ਜੰਤ, ਸ਼ਾਖ਼ਾਂ, ਫੁੱਲ, ਪੱਤਰ ਆਦਿਕ ਹਨ; (2) ਜਿਵੇਂ ਭੌਰਾ ਫੁੱਲ ਦੇ ਰਸ ਵਿਚ ਮਸਤ ਹੋਇਆ ਹੋਇਆ ਫੁੱਲ ਦੀਆਂ ਪੱਤੀਆਂ ਵਿਚ ਹੀ ਆਪਣੇ ਆਪ ਨੂੰ ਕੈਦ ਕਰਾ ਲੈਂਦਾ ਹੈ, ਜਿਵੇਂ ਪੰਛੀ ਆਪਣੇ ਖੰਭਾਂ ਨਾਲ ਹਵਾ ਨੂੰ ਝਕੋਲਾ ਦੇ ਕੇ ਆਕਾਸ਼ ਵਿਚ ਉੱਡਦਾ ਹੈ, ਤਿਵੇਂ ਸਿਮਰਨ ਕਰਨ ਵਾਲਾ ਨਾਮ-ਰਸ ਵਿਚ ਮਸਤ ਹੁੰਦਾ ਹੈ ਤੇ ਪ੍ਰਭੂ-ਚਰਨਾਂ ਵਿਚ ਉੱਚੀਆਂ ਉਡਾਰੀਆਂ ਲਾਂਦਾ ਹੈ; ਅਤੇ (3) ਉਸ ਦੇ ਹਿਰਦੇ ਵਿਚ ਇਕ ਐਸੀ ਕੋਮਲਤਾ ਪੈਦਾ ਹੁੰਦੀ ਹੈ, ਜਿਸ ਦੀ ਬਰਕਤਿ ਨਾਲ ਉਸ ਦੀ ਤ੍ਰਿਸ਼ਨਾ ਮਿਟ ਜਾਂਦੀ ਹੈ।

ਅਰਥ:- ਹੇ ਭਾਈ! ਜੋ ਕੋਈ ਮਨੁੱਖ ਆਪਣੇ ਆਪ ਨੂੰ ਗੁਰੂ ਦੇ ਹਵਾਲੇ ਕਰਦਾ ਹੈ, ਉਹ ਪ੍ਰਕਾਸ਼-ਰੂਪ ਪਰਮਾਤਮਾ ਦੇ ਮੇਲ ਦੀ ਅਵਸਥਾ ਨੂੰ ਸਮਝ ਲੈਂਦਾ ਹੈ, ਉਸ ਦੇ ਅੰਦਰ ਜੋਤ ਜਗ ਪੈਂਦੀ ਹੈ, ਉਸ ਦੇ ਅੰਦਰ ਰਾਮ ਦਾ ਪਰਕਾਸ਼ ਹੋ ਜਾਂਦਾ ਹੈ। ਪਰ ਇਸ ਅਵਸਥਾ ਨਾਲ ਜਾਣ-ਪਛਾਣ ਕਰਨ ਵਾਲਾ ਹੁੰਦਾ ਕੋਈ ਵਿਰਲਾ ਹੈ।1। ਰਹਾਉ।

(ਗੁਰੂ ਦੇ ਸਨਮੁਖ ਹੋਏ ਅਜਿਹੇ ਮਨੁੱਖ ਨੂੰ ਇਹ ਸਮਝ ਆ ਜਾਂਦੀ ਹੈ ਕਿ) ਸੰਸਾਰ ਇਕ ਰੁਖ (ਸਮਾਨ) ਹੈ, (ਜਗਤ ਦੇ ਜੀਆ-ਜੰਤ, ਮਾਨੋ, ਉਸ ਰੁੱਖ ਦੀਆਂ) ਬੇਅੰਤ ਡਾਲੀਆਂ ਤੇ ਟਹਿਣੀਆਂ ਹਨ, ਜੋ ਫੁੱਲਾਂ, ਪੱਤਰਾਂ ਤੇ ਰਸ-ਭਰੇ ਫਲਾਂ ਨਾਲ ਲੱਦੀਆਂ ਹੋਈਆਂ ਹਨ। ਇਹ ਸੰਸਾਰ ਅੰਮ੍ਰਿਤ ਦੀ ਇਕ ਬਗ਼ੀਚੀ ਹੈ, ਜੋ ਉਸ ਪੂਰਨ ਪਰਮਾਤਮਾ ਨੇ ਬਣਾਈ ਹੈ।1।

(ਜਿਵੇਂ) ਇਕ ਭੌਰਾ ਫੁੱਲ ਦੇ ਰਸ ਵਿਚ ਮਸਤ ਹੋ ਕੇ ਫੁੱਲ ਦੀਆਂ ਖਿੜੀਆਂ ਪੱਤੀਆਂ ਵਿਚ ਆਪਣੇ ਆਪ ਨੂੰ ਜਾ ਬੰਨ੍ਹਾਉਂਦਾ ਹੈ, (ਜਿਵੇਂ ਕੋਈ ਪੰਛੀ ਆਪਣੇ ਖੰਭਾਂ ਨਾਲ) ਹਵਾ ਨੂੰ ਹੁਲਾਰਾ ਦੇ ਕੇ ਆਕਾਸ਼ ਵਿਚ ਉੱਡਦਾ ਹੈ, ਤਿਵੇਂ ਉਹ ਗੁਰਮੁਖ ਨਾਮ-ਰਸ ਵਿਚ ਮਸਤ ਹੋ ਕੇ ਪੂਰਨ ਖਿੜਾਉ ਨੂੰ ਹਿਰਦੇ ਵਿਚ ਟਿਕਾਂਦਾ ਹੈ, ਤੇ ਸੋਚ-ਮੰਡਲ ਵਿਚ ਹੁਲਾਰਾ ਦੇ ਕੇ ਪ੍ਰਭੂ-ਚਰਨਾਂ ਵਿਚ ਉਡਾਰੀਆਂ ਲਾਂਦਾ ਹੈ।2।

ਉਸ ਗੁਰਮੁਖ ਦੀ ਉਸ ਅਡੋਲ ਤੇ ਅਫੁਰ ਅਵਸਥਾ ਵਿਚ ਉਸ ਦੇ ਅੰਦਰ (ਕੋਮਲਤਾ-ਰੂਪ) ਮਾਨੋ, ਇਕ ਕੋਮਲ ਬੂਟਾ ਉੱਗਦਾ ਹੈ, ਜੋ ਉਸ ਦੇ ਸਰੀਰ ਦੀ ਤ੍ਰਿਸ਼ਨਾ ਨੂੰ ਸੁਕਾ ਦੇਂਦਾ ਹੈ। ਕਬੀਰ ਆਖਦਾ ਹੈ—ਮੈਂ ਉਸ ਗੁਰਮੁਖ ਦਾ ਦਾਸ ਹਾਂ, ਜਿਸ ਨੇ (ਆਪਣੇ ਅੰਦਰ ਉੱਗਿਆ ਹੋਇਆ) ਇਹ ਕੋਮਲ ਬੂਟਾ ਵੇਖਿਆ

ਹੈ।3।6।